ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

18:20 PM

ਮਿਤੀ: 26-11-2024

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੰਵਿਧਾਨ ਨੂੰ ਅਪਣਾਏ ਜਾਣ ਦੀ 75ਵੀਂ ਵਰ੍ਹੇਗੰਢ ਮੌਕੇ ਸੰਸਦ ਦੇ ਦੋਵਾਂ ਸਦਨਾਂ ਨੂੰ ਸੰਬੋਧਨ ਕਰਦਿਆਂ ਨਾਗਰਿਕਾਂ ਨੂੰ ਸੰਵਿਧਾਨ ਦੇ ਆਦਰਸ਼ਾਂ ਨੂੰ ਅਪਣਾਉਣ ਅਤੇ ਵਿਕਸਤ ਭਾਰਤ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ, ਕੰਮ ਕਰਨ ਦੀ ਅਪੀਲ ਕੀਤੀ ।
- ਰਾਸ਼ਟਰਪਤੀ ਨੇ 26 ਨਵੰਬਰ 2008 ਨੂੰ ਮੁੰਬਈ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ।
- ਸਰਵਉੱਚ ਅਦਾਲਤ ਵੱਲੋਂ ਬੈਲਟ ਪੇਪਰ ਪ੍ਰਣਾਲੀ ਨੂੰ ਮੁੜ ਲਾਗੂ ਕਰਨ ਦੀ ਮੰਗ ਸਬੰਧੀ ਦਾਇਰ ਜਨਹਿਤ ਪਟੀਸ਼ਨ ਖਾਰਜ।
- ਪੰਜਾਬ ਭਰ 'ਚ 'ਬਾਲ ਵਿਆਹ ਮੁਕਤ ਭਾਰਤ' ਮੁਹਿੰਮ ਸਬੰਧੀ ਕੱਲ੍ਹ 27 ਨਵੰਬਰ ਨੂੰ ਚੁਕਾਈ ਜਾਵੇਗੀ ਸਹੁੰ।

---

ਦੇਸ਼ ਅੱਜ ਸੰਵਿਧਾਨ ਨੂੰ ਅਪਣਾਏ ਜਾਣ ਦੀ 75ਵੀਂ ਵਰ੍ਹੇਗੰਢ ਮਨਾ ਰਿਹਾ ਏ । ਇਸ ਦਿਨ ਸੰਵਿਧਾਨ ਨੂੰ ਅਪਣਾਇਆ ਗਿਆ ਸੀ । ਸਰਕਾਰ ਨੇ ਅੱਜ ਤੋਂ ਇਸ ਮੌਕੇ 'ਤੇ ਸਾਲ ਭਰ ਚੱਲਣ ਵਾਲੇ ਜਸ਼ਨ ਦੀ ਸ਼ੁਰੂਆਤ ਕੀਤੀ ਏ । ਇਹ ਜਸ਼ਨ ਪੂਰੇ ਦੇਸ਼ ਵਿੱਚ 26 ਨਵੰਬਰ 2025 ਤੱਕ ਮਨਾਏ ਜਾਣਗੇ । ਇਹ ਜਸ਼ਨ 'ਹਮਾਰਾ ਸੰਵਿਧਾਨ, ਹਮਾਰਾ ਸਵਾਭਿਮਾਨਾ" ਦੀ ਟੈਗਲਾਈਨ ਹੇਠ ਆਯੋਜਿਤ ਕੀਤੇ ਜਾ ਰਹੇ ਨੇ । ਇਸ ਦਾ ਉਦੇਸ਼ ਸੰਵਿਧਾਨ ਦੇ ਸੰਸਥਾਪਕਾਂ ਦੇ ਯੋਗਦਾਨ ਦਾ ਸਨਮਾਨ ਕਰਨਾ ਅਤੇ ਸੰਵਿਧਾਨ ਵਿੱਚ ਦਰਜ ਕਦਰਾਂ ਕੀਮਤਾਂ ਨੂੰ ਦੁਹਰਾਉਣਾ ਏ । ਡਾ.ਬੀ.ਆਰ.ਅੰਬੇਡਕਰ ਨੇ ਸੰਵਿਧਾਨ ਬਣਾਉਣ

ਵਿੱਚ ਅਹਿਮ ਭੂਮਿਕਾ ਨਿਭਾਈ, ਜੋ ਖਰੜਾ ਕਮੇਟੀ ਦੇ ਚੇਅਰਮੈਨ ਸਨ। ਸੰਵਿਧਾਨ ਨੂੰ ਬਣਾਉਣ ਵਿੱਚ ਸੰਵਿਧਾਨ ਸਭਾ ਨੂੰ ਦੋ ਸਾਲ, ਗਿਆਰਾਂ ਮਹੀਨੇ ਅਤੇ 17 ਦਿਨ ਲੱਗੇ। ਭਾਰਤ ਦੀ ਸੰਵਿਧਾਨ ਸਭਾ ਨੇ 26 ਨਵੰਬਰ 1949 ਨੂੰ ਸੰਵਿਧਾਨ ਨੂੰ ਅਪਣਾਇਆ, ਜੋ ਕਿ 26 ਜਨਵਰੀ 1950 ਨੂੰ ਲਾਗੂ ਹੋਇਆ। ਸੰਵਿਧਾਨ ਭਾਰਤ ਨੂੰ ਇੱਕ ਪ੍ਰਭੂਸੱਤਾ ਸੰਪੰਨ, ਸਮਾਜਵਾਦੀ, ਧਰਮ ਨਿਰਪੱਖ ਅਤੇ ਜਮਹੂਰੀ ਗਣਰਾਜ ਐਲਾਨ ਕਰਦਾ ਏ , ਜੋ ਇਸਦੇ ਸਾਰੇ ਨਾਗਰਿਕਾਂ ਲਈ ਨਿਆਂ, ਸਮਾਨਤਾ ਅਤੇ ਆਜ਼ਾਦੀ ਨੂੰ ਯਕੀਨੀ ਬਣਾਉਂਦਾ ਏ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਦਾ ਏ। ਇਹ ਦੁਨੀਆ ਦੇ ਕਿਸੇ ਵੀ ਪ੍ਰਭੂਸੱਤਾ ਸੰਪੰਨ ਦੇਸ਼ ਦਾ, ਸਭ ਤੋਂ ਲੰਬਾ ਲਿਖਤੀ ਸੰਵਿਧਾਨ ਮੰਨਿਆ ਜਾਂਦਾ ਏ। ਅੱਜ, ਸੰਵਿਧਾਨ ਦਿਵਸ ਦੇ ਮੌਕੇ 'ਤੇ, ਦਿੱਲੀ ਦੇ ਸੰਵਿਧਾਨ ਸਦਨ ਦੇ ਸੈਂਟਰਲ ਹਾਲ ਵਿਖੇ ਹੋਏ ਇੱਕ ਸ਼ਾਨਦਾਰ ਸਮਾਗਮ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤੀ ਸੰਵਿਧਾਨ ਨੂੰ ਇੱਕ ਪ੍ਰਗਤੀਸ਼ੀਲ ਦਸਤਾਵੇਜ਼ ਕਰਾਰ ਦਿਤਾ, ਜਿਸ ਰਾਹੀਂ ਦੇਸ਼ ਨੇ ਸਮਾਜਿਕ ਨਿਆਂ ਅਤੇ ਸਮਾਵੇਸ਼ੀ ਵਿਕਾਸ ਦੇ ਟੀਚਿਆਂ ਨੂੰ ਪ੍ਰਾਪਤ ਕੀਤਾ ਏ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਰਕਾਰ ਨੇ ਸਮਾਜ ਦੇ ਸਾਰੇ ਵਰਗਾਂ, ਖਾਸ ਕਰਕੇ ਕਮਜ਼ੋਰ ਵਰਗਾਂ ਦੀ ਭਲਾਈ ਲਈ, ਹਾਲ ਹੀ ਦੇ ਸਾਲਾਂ ਵਿੱਚ ਕਈ ਉਪਾਅ ਕੀਤੇ ਨੇ।

ਰਾਸ਼ਟਰਪਤੀ ਨੇ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵੇਂਕਰਨ ਨਾਲ ਸਬੰਧਤ ਨਾਰੀ ਸ਼ਕਤੀ ਵੰਦਨ ਅਧਿਨਿਯਮ ਦੇ ਪਾਸ ਹੋਣ ਦੀ ਸ਼ਲਾਘਾ ਕੀਤੀ। ਰਾਸ਼ਟਰਪਤੀ ਮੁਰਮੂ ਨੇ ਸਾਰੇ ਨਾਗਰਿਕਾਂ ਨੂੰ ਸਾਲ 2047 ਤੱਕ, ਇੱਕ ਵਿਕਸਤ ਭਾਰਤ ਦੀ ਸਿਰਜਣਾ ਦੇ ਰਾਸ਼ਟਰੀ ਟੀਚੇ ਨੂੰ ਪ੍ਰਾਪਤ ਕਰਨ ਲਈ, ਆਪਣੇ ਬੁਨਿਆਦੀ ਫਰਜ਼ਾਂ ਅਤੇ ਕਾਰਜਾਂ ਨੂੰ ਨਿਭਾਉਣ ਵਾਸਤੇ ਆਪਣੇ ਜੀਵਨ ਵਿੱਚ ਸੰਵਿਧਾਨਕ ਆਦਰਸ਼ਾਂ ਨੂੰ ਅਪਣਾਉਣ ਦੀ ਅਪੀਲ ਕੀਤੀ।

ਇਸ ਮੌਕੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਇਹ ਮਹੱਤਵਪੂਰਨ ਦਿਨ ਇਤਿਹਾਸਕ ਏ ਕਿਉਂਕਿ ਦੇਸ਼ ਆਪਣੇ ਸੰਵਿਧਾਨ ਨੂੰ ਅਪਣਾਏ 75 ਸਾਲਾਂ ਦਾ ਜਸ਼ਨ ਮਨਾ ਰਿਹਾ ਏ , ਜੋ ਵਿਸ਼ਵ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਗਤੀਸ਼ੀਲ ਲੋਕਤੰਤਰ ਲਈ ਇੱਕ ਸ਼ਾਨਦਾਰ ਪ੍ਰਾਪਤੀ ਏ

। ਉਨ੍ਹਾਂ ਕਿਹਾ ਕਿ ਭਾਰਤ ਸ਼ਾਨਦਾਰ ਆਰਥਿਕ ਵਿਕਾਸ, ਮਜਬੂਤ ਬੁਨਿਆਦੀ ਢਾਂਚੇ, ਵਿਆਪਕ ਡਿਜ਼ੀਟਲ ਅਪਣਾਉਣ ਦੇ ਨਾਲ ਤਰੱਕੀ ਕਰ ਰਿਹਾ ਏ ਅਤੇ ਸਭ ਨੂੰ ਅੰਤਰ-ਰਾਸ਼ਟਰੀ ਮਾਨਤਾ ਮਿਲ ਰਹੀ ਏ । ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇਸ਼ ਦੇ ਲੋਕਾਂ ਦੀ ਸਾਲਾਂ ਦੀ ਤਪੱਸਿਆ, ਕੁਰਬਾਨੀ, ਅਤੇ ਤਾਕਤ ਦਾ ਨਤੀਜਾ ਏ । ਸਮਾਗਮ ਦੌਰਾਨ, ਰਾਸ਼ਟਰਪਤੀ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਉਣ ਦੀ 75ਵੀਂ ਵਰ੍ਹੇਗੰਢ ਨੂੰ ਸਮਰਪਿਤ ਇੱਕ ਯਾਦਗਾਰੀ ਸਿੱਕਾ ਅਤੇ ਇੱਕ ਡਾਕ ਟਿਕਟ ਜਾਰੀ ਕੀਤੀ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਸੰਵਿਧਾਨ ਦੀ 75ਵੀਂ ਵਰ੍ਹੇਗੰਢ ਮੌਕੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਸ੍ਰੀ ਮੋਦੀ ਨੇ ਸੋਸ਼ਲ ਮੀਡੀਆ 'ਤੇ ਕਿਹਾ ਕਿ ਸੰਵਿਧਾਨ ਦੇਸ਼ ਦਾ ਮਾਰਗ ਦਰਸ਼ਕ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਸੰਵਿਧਾਨ, ਦੇਸ਼ ਦੀ ਹਜ਼ਾਰਾਂ ਸਾਲਾਂ ਦੀ ਰਿਵਾਇਤ ਦਾ ਆਧੁਨਿਕ ਪ੍ਰਗਟਾਵਾ ਏ ।

-----------------------------------------------------

ਏਧਰ ਜਲੰਧਰ ਵਿਚ ਵੀ ਸੰਵਿਧਾਨ ਦਿਵਸ ਸਬੰਧੀ ਸਮਾਗਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਨਾਇਆ ਗਿਆ। ਇਸ ਮੌਕੇ ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁੱਖੀਆਂ ਤੇ ਕਰਮਚਾਰੀਆਂ ਵਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ.ਅੰਬੇਡਕਰ ਦੇ ਬੁੱਤ 'ਤੇ ਫੁੱਲ ਅਰਪਿਤ ਕਰਕੇ ਸ਼ਰਧਾਂਜ਼ਲੀ ਭੇਟ ਕੀਤੀ ਗਈ ।

-----------------------------------------------------

ਇਸ ਦੌਰਾਨ ਆਕਾਸ਼ਵਾਣੀ ਜਲੰਧਰ ਅਤੇ ਦੂਰਦਰਸ਼ਨ ਜਲੰਧਰ ਵਿਖੇ ਅੱਜ ਸੰਵਿਧਾਨ ਦਿਵਸ ਨੂੰ ਮਨਾਉਂਦੇ ਹੋਏ ਸੰਵਿਧਾਨ ਦੀ ਪ੍ਰਸਤਾਵਨਾ ਪੜੀ ਗਈ । ਇਸ ਮੌਕੇ ਆਕਾਸ਼ਵਾਣੀ ਜਲੰਧਰ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ ਇੰਜੀਅਨਰਿੰਗ ਰਣਜੀਤ ਮੀਨਾ ,ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਅਤੇ ਖੇਰਤੀ ਸਮਾਚਾਰ ਇਕਾਈ ਦੇ ਮੁਖੀ ਰਾਜੇਸ਼ ਬਾਲੀ ਸਮੇਤ ਸਾਰੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ । ਓਧਰ ਦੂਰਦਰਸ਼ਨ ਜਲੰਧਰ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ ਇੰਜੀਅਨਰਿੰਗ RK ਜਰਾਂਗਾਲ ਦੀ ਅਗਵਾਈ ਵਿਚ ਸਾਰੇ ਅਧਿਕਾਰੀਆ ਤੇ ਕਰਮਚਾਰੀਆ ਨੇ

ਪ੍ਰਸਤਾਵਨਾ ਪੜੀ। ਓਧਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਵੀ ਅੱਜ 75ਵਾਂ ਸੰਵਿਧਾਨ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ। ਇਸ ਮੌਕੇ ਸਮਾਗਮ ਦੀ ਅਗਵਾਈ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋ. ਰੇਣੂ ਵਿਗ ਨੇ ਕੀਤੀ, ਜਿਸ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਨੂੰ ਪੜ੍ਹਿਆ।

-------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵਲੋਂ ਜਾਰੀ ਹਦਾਇਤਾਂ ਅਤੇ , ਐਸ.ਏ.ਐਸ. ਨਗਰ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਅਤੁਲ ਕਸਾਨਾ,ਦੀ ਅਗਵਾਈ ਵਿਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਅੱਜ ਸੰਵਿਧਾਨ ਦਿਵਸ ਮਨਾਇਆ ਗਿਆ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵਲੋਂ ਸਕੂਲਾਂ ਵਿਚ ਸਥਾਪਤ ਲੀਗਲ ਲਿਟਰੇਸੀ ਕਲੱਬਾਂ ਰਾਹੀਂ 109 ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਸੰਵਿਧਾਨ ਦੀ ਪ੍ਰਸਤਾਵਨਾ ਦਾ ਪਾਠ, ਸੰਵਿਧਾਨ ਦੁਆਰਾ ਨਾਗਰਿਕਾਂ ਨੂੰ ਦਿੱਤੇ ਗਏ ਅਧਿਕਾਰ ਅਤੇ ਕਰਤੱਵਾਂ ਦਾ ਪ੍ਰਚਾਰ ਕੀਤਾ ਗਿਆ ਅਤੇ ਪੇਂਟਿੰਗ, ਡੈਕਲਾਮੇਸ਼ਨ ਅਤੇ ਸਲੋਗਨ ਮੇਕਿੰਗ ਮੁਕਾਬਲੇ ਕਰਵਾਏ ਗਏ।

-------------------------------------------------------

ਅਬੋਹਰ ਦੇ ਡੀ.ਏ.ਵੀ. ਬੀ.ਐਡ. ਕਾਲਜ ਵਿਖੇ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਅਤੇ ਸੰਵਿਧਾਨ ਦਿਵਸ ਨੂੰ ਸਮਰਪਿਤ ਆਂਗਣਵਾੜੀ ਵਰਕਰਾਂ ਅਤੇ ਆਸ਼ਾ ਵਰਕਰਾਂ ਦੀ ਓਰੀਐਂਟੇਸ਼ਨ ਅਤੇ ਕਪੈਸਟੀ ਬਿਲਡਿੰਗ ਲਈ ਇਕ ਵਿਸ਼ੇਸ਼ ਜਾਗੂਰਕਤਾ ਪ੍ਰੋਗਰਾਮ ਕਰਵਾਇਆ ਗਿਆ। ਜਿਲ੍ਹਾ ਪ੍ਰੋਗਰਾਮ ਅਫ਼ਸਰ ਮਤੀ ਨਵਦੀਪ ਕੌਰ ਨੇ ਦਸਿਆ ਕੀ ਕਿ ਕੁੜੀਆਂ ਬਿਨਾ ਸੰਸਾਰ ਵਿੱਚ ਕੁਝ ਵੀ ਸੰਭਵ ਨਹੀਂ ਏ। ਉਨ੍ਹਾਂ ਕਿਹਾ ਕਿ ਕੁੜੀਆਂ ਅੱਜ ਸੰਸਾਰ ਦੇ ਹਰ ਖੇਤਰ ਵਿਚ ਮਲਾਂ ਮਾਰ ਰਹੀਆਂ ਹਨ, ਕੋਈ ਅਜਿਹਾ ਖੇਤਰ ਨਹੀਂ ਜਿਥੇ ਲੜਕੀਆਂ ਨਹੀਂ ਪਹੁੰਚ ਸਕਦੀਆਂ। ਇਸ ਦੌਰਾਨ ਡਾ. ਰੰਜਨਾ ਨੇ ਕਿਹਾ ਕਿ ਲੜਕਾ ਲੜਕੀ ਦੇ ਫਰਕ ਨੂੰ ਖਤਮ ਕਰਕੇ ਲੜਕੀਆਂ ਨੂੰ ਅੱਗੇ ਵਧਣ ਦੀ ਪ੍ਰੇਰਣਾ ਦੇਣੀ ਚਾਹੀਦੀ ਏ ਤਾਂ ਜੋ ਜਿੰਦਗੀ ਵਿਚ ਹੋਰ ਕਾਮਯਾਬੀ ਹਾਸਲ ਕਰਨ।

------------------------------------------------------------

26/11 ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 26 ਨਵੰਬਰ 2008 ਨੂੰ ਮੁੰਬਈ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਰਾਸ਼ਟਰਪਤੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਰਾਸ਼ਟਰ, ਉਨ੍ਹਾਂ ਸੁਰੱਖਿਆ ਕਰਮਚਾਰੀਆਂ ਨੂੰ ਸਲਾਮ ਕਰਦਾ ਏ, ਜਿਨ੍ਹਾਂ ਨੇ ਦੇਸ਼ਵਾਸੀਆਂ ਦੀ ਰੱਖਿਆ ਕਰਦੇ ਹੋਏ ਸਰਵਉੱਚ ਕੁਰਬਾਨੀ ਦਿੱਤੀ। ਸ਼ਹੀਦ ਸੁਰੱਖਿਆ ਕਰਮੀਆਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅੱਤਵਾਦ ਨੂੰ ਖਤਮ ਕਰਨ ਲਈ ਵਚਨਬੱਧ ਏ।

------------------------------------------------------------

ਸਰਵਉੱਚ ਅਦਾਲਤ ਵੱਲੋਂ ਬੈਲਟ ਪੇਪਰ ਪ੍ਰਣਾਲੀ ਨੂੰ ਮੁੜ ਲਾਗੂ ਕਰਨ ਦੀ ਮੰਗ ਸਬੰਧੀ ਦਾਇਰ ਜਨਹਿਤ ਪਟੀਸ਼ਨ ਖਾਰਜ ਕਰ ਦਿੱਤਾ ਏ ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਇਕ ਬੁਲਾਰੇ ਨੇ ਦੱਸਿਆ ਕਿ ਸਰਵਉੱਚ ਅਦਾਲਤ ਨੇ ਅੱਜ ਡਾ. ਕੇ.ਏ. ਪਾਲ ਵੱਲੋਂ ਭਾਰਤ ਵਿੱਚ ਬੈਲਟ ਪੇਪਰ ਰਾਹੀਂ ਚੋਣਾਂ ਕਰਵਾਉਣ ਦੀ ਮੰਗ ਨੂੰ ਖਾਰਜ ਕਰ ਦਿੱਤਾ ਏ। ਦਾਇਰ ਕੀਤੀਆਂ ਗਈਆਂ ਹੋਰ ਪਟੀਸ਼ਨਾਂ ਵਿੱਚ, ਚੋਣਾਂ ਦੌਰਾਨ ਪੈਸੇ, ਸ਼ਰਾਬ ਅਤੇ ਹੋਰ ਤੋਹਫੇ ਵੰਡਣ ਵਾਲੇ ਉਮੀਦਵਾਰਾਂ ਨੂੰ ਘੱਟੋ-ਘੱਟ 5 ਸਾਲਾਂ ਲਈ ਅਯੋਗ ਠਹਿਰਾਉਣ ਲਈ, ਚੋਣ ਕਮਿਸ਼ਨ ਨੂੰ ਨਿਰਦੇਸ਼ ਦੇਣ ਸਬੰਧੀ ਪਟੀਸ਼ਨਾਂ ਸ਼ਾਮਲ ਸਨ। ਉਨ੍ਹਾਂ ਦਸਿਆ ਕੀ ਪਟੀਸ਼ਨਰ ਵਜੋਂ ਪੇਸ਼ ਹੋ ਕੇ ਡਾ. ਪਾਲ ਨੇ ਸ਼ੁਰੂ ਵਿਚ ਜਸਟਿਸ ਵਿਕਰਮ ਨਾਥ ਅਤੇ ਪੀ.ਬੀ. ਵਰਲੇ ਦੀ ਬੈਂਚ ਅੱਗੇ ਰਿਪੋਰਟ ਪੇਸ਼ ਕੀਤੀ।

------------------------------------------------------------

ਬਾਲ ਵਿਆਹ ਨੂੰ ਜੜ੍ਹੋਂ ਖਤਮ ਕਰਨ ਦੇ ਉਦੇਸ਼ ਨਾਲ ਕੱਲਨੂੰ ਪੰਜਾਬ ਭਰ 'ਚ 'ਬਾਲ ਵਿਆਹ ਮੁਕਤ ਭਾਰਤ'ਮੁਹਿੰਮ ਸਬੰਧੀ ਵੈਬਕਾਸਟ ਲਿੰਕ ਰਾਹੀਂ ਸਹੁੰ ਚੁਕਾਈ ਜਾਵੇਗੀ। ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼, ਸੂਬੇ ਭਰ ਵਿੱਚ ਬਾਲ ਵਿਆਹ ਨੂੰ ਖਤਮ ਕਰਨਾ ਏ। ਉਨ੍ਹਾਂ ਨੇ ਇਸ ਵਿਸ਼ੇਸ਼ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਮਹਿਲਾ ਸਵੈ ਸਹਾਇਤਾ ਸਮੂਹ, ਆਂਗਣਵਾੜੀ ਵਰਕਰ, ਆਸ਼ਾ ਵਰਕਰ ਅਤੇ ਹੈਲਪਰ, ਸਮੇਤ ਸਾਰੇ ਗੈਰ ਸਰਕਾਰੀ ਸੰਸਥਾਨਾਂ ਸਕੂਲਾਂ ਕਾਲਜਾਂ ਧਾਰਮਿਕ ਆਗੂਆਂ ਨੂੰ ਅਪੀਲ ਕੀਤੀ ਏ। ਡਾ. ਬਲਜੀਤ ਕੌਰ ਨੇ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਸਮਾਜ ਦੇ ਸਾਰੇ ਵਰਗਾਂ ਦੇ ਸਮੂਹਿਕ ਯਤਨਾਂ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਏ। ਡਾ. ਬਲਜੀਤ ਕੌਰ ਨੇ ਮੁਹਿੰਮ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਆਪਣੀ ਵਚਨਬੱਧਤਾ ਦਰਸਾਉਦਿਆਂ ਕਿਹਾ ਕਿ ਬਾਲ ਵਿਆਹ-ਮੁਕਤ ਸੂਬਾ ਸਿਰਫ਼ ਇੱਕ ਵਿਜ਼ਨ ਨਹੀਂ ਏ , ਸਗੋਂ ਸਾਡੇ ਬੱਚਿਆਂ ਅਤੇ ਸਮਾਜ ਦੇ ਸਰਵਪੱਖੀ ਵਿਕਾਸ ਲਈ ਇੱਕ ਲੋੜ ਏ।

-----------------------------------------------------

ਪੰਜਾਬ ਵਿੱਚ ਕੁੜੀਆਂ ਨੂੰ ਸਸ਼ਕਤ ਬਣਾਉਣ ਸਬੰਧੀ ਆਪਣੇ ਮਿਸ਼ਨ ਨੂੰ ਜਾਰੀ ਰੱਖਦਿਆਂ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਐਸ.ਏ.ਐਸ. ਨਗਰ ਦੀਆਂ ਦੋ ਮਹਿਲਾ ਕੈਡਿਟਾਂ, ਚਰਨਪ੍ਰੀਤ ਕੌਰ ਅਤੇ ਮਹਿਕ, ਨੂੰ ਡੁੰਡੀਗਲ ਵਿਖੇ ਵੱਕਾਰੀ ਏਅਰ ਫੋਰਸ ਅਕੈਡਮੀ, ਪ੍ਰੀ-ਕਮਿਸ਼ਨ ਸਿਖਲਾਈ ਲਈ ਚੁਣਿਆ ਗਿਆ ਏ। ਇਨ੍ਹਾਂ ਦੀ ਸਿਖਲਾਈ ਅਗਲੇ ਸਾਲ ਜਨਵਰੀ ਤੋਂ ਸ਼ੁਰੂ ਹੋਵੇਗੀ। ਕੁਰਾਲੀ ਦੀ ਰਹਿਣ ਵਾਲੀ ਮਹਿਲਾ ਕੈਡੇਟ ਚਰਨਪ੍ਰੀਤ ਕੌਰ ਨੇ ਮੈਰਿਟ ਸੂਚੀ ਵਿੱਚ ਸ਼ਾਮਲ 192 ਲੜਕੀਆਂ ਵਿੱਚੋਂ, ਚੌਥਾ ਜਦੋਂਕਿ ਮਹਿਕ ਨੇ 23ਵਾਂ ਰੈਂਕ ਪ੍ਰਾਪਤ ਕੀਤਾ ਏ। ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਦੋਵਾਂ ਮਹਿਲਾ ਕੈਡਿਟਾਂ ਨੂੰ ਸ਼ਾਨਦਾਰ ਉਪਲੱਬਧੀ ਲਈ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸਫ਼ਲਤਾ ਬਿਨਾਂ ਸ਼ੱਕ ਪੰਜਾਬ ਦੀਆਂ ਹੋਰ ਕੁੜੀਆਂ ਨੂੰ ਵੀ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਵਜੋਂ ਦੇਸ਼ ਦੀ ਸੇਵਾ ਨਿਭਾਉਣ ਦੇ ਮੌਕੇ ਹਾਸਲ ਕਰਨ ਲਈ ਪ੍ਰੇਰਿਤ ਕਰੇਗੀ। ਇੰਸਟੀਚਿਊਟ ਦੇ

ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ ਮਹਿਲਾ ਕੈਡਿਟਾਂ ਦੀ ਚੋਣ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਪ੍ਰਾਪਤੀ ਨਾਲ ਸੂਬੇ ਦੀਆਂ ਹੋਰ ਲੜਕੀਆਂ ਨੂੰ ਵੀ ਵੱਖ-ਵੱਖ ਹਥਿਆਰਬੰਦ ਬਲਾਂ ਦੀਆਂ ਪ੍ਰੀ-ਕਮਿਸ਼ਨ ਸਿਖਲਾਈ ਅਕੈਡਮੀਆਂ ਵਿੱਚ ਭੇਜਣ ਸਬੰਧੀ ਉਨ੍ਹਾਂ ਦੇ ਯਤਨਾਂ ਨੂੰ ਹੋਰ ਉਤਸ਼ਾਹ ਮਿਲੇਗਾ। ਉਨ੍ਹਾਂ ਨੇ ਇਨ੍ਹਾਂ ਮਹਿਲਾ ਕੈਡਿਟਾਂ ਨੂੰ ਭਾਰਤੀ ਹਵਾਈ ਸੈਨਾ ਵਿੱਚ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

---

ਗੋਆ ਵਿਚ ਚਾਲ ਰਹੇ 55ਵੇ ਭਾਰਤੀ ਕੌਮਾਂਤਰੀ ਫਿਲਮ ਫੈਸਟੀਵਲ (IFFI) ਵਿਚ -"ਕੀ ਆਰਟੀਫਿਸ਼ੀਅਲ ਇੰਟੈਲੀਜੈਂਸ ਫਿਲਮ ਨਿਰਮਾਣ ਨੂੰ ਹਮੇਸ਼ਾ ਲਈ ਬਦਲ ਦੇਵੇਗੀ ?" ਸਿਰਲੇਖ ਹੇਠ ਇਕ ਪੈਨਲ ਚਰਚਾ ਕਾਰਵਾਈ ਗਈ । ਇਸ ਵਿਸ਼ੇਸ਼ ਪੈਨਲ ਚਰਚਾ ਵਿੱਚ ਭਾਰਤੀ ਫਿਲਮ ਨਿਰਮਾਤਾ ਅਤੇ ਉਦਯੋਗਪਤੀ ਆਨੰਦ ਗਾਂਧੀ, ਓਪਨ ਏ.ਆਈ. ਵਿੱਚ ਪਬਲਿਕ ਪਾਲਿਸੀ ਅਤੇ ਭਾਈਵਾਲੀ ਦੀ ਮੁਖੀ ਪ੍ਰਗਿਆ ਮਿਸ਼ਰਾ ਸਨ ਜਦੋਂਕਿ ਮਸ਼ਹੂਰ ਫਿਲਮ ਨਿਰਮਾਤਾ ਸ਼ੇਖਰ ਕਪੂਰ ਦੁਆਰਾ ਇਸ ਚਰਚਾ ਦਾ ਸੰਚਾਲਨ ਕੀਤਾ ਗਿਆ । ਸੈਸ਼ਨ ਦੀ ਸ਼ੁਰੂਆਤ ਸ਼ੇਖਰ ਕਪੂਰ ਦੀਆਂ ਸ਼ੁਰੂਆਤੀ ਟਿੱਪਣੀਆਂ ਨਾਲ ਹੋਈ, ਜਿੱਥੇ ਓਹਨਾ ਸਵੀਕਾਰ ਕੀਤਾ ਕਿ ਆਰਟੀਫਿਸ਼ੀਅਲ ਇੰਟੈਲੀਜੈਂਸ (AI) ਦੀ ਸਮਝ ਅਜੇ ਵੀ ਵਿਕਸਤ ਹੋ ਰਹੀ ਏ । ਉਨ੍ਹਾਂ ਕਿਹਾ ਕੀ ਕੋਈ ਨਹੀਂ ਜਾਣਦਾ ਕਿ AI ਕੀ ਏ। ਅਸੀਂ ਅਜੇ ਵੀ ਮਸ਼ੀਨ ਲਰਨਿੰਗ, ਡੀਪ ਲਰਨਿੰਗ ਵਰਗੇ ਵੱਖ-ਵੱਖ AI ਸ਼ਬਦਾਂ ਦੀ ਖੋਜ ਕਰਨ ਦੀ ਪ੍ਰਕਿਰਿਆ ਵਿੱਚ ਹਾਂ । ਓਹਨਾ ਕਿਹਾ ਕਿ ਤਕਨਾਲੋਜੀ ਨੂੰ ਮਨੁੱਖੀ ਸਮਰੱਥਾ ਨੂੰ ਵਧਾਉਣ ਲਈ ਇੱਕ ਸਾਧਨ ਵਜੋਂ ਦੇਖਿਆ ਜਾਣਾ ਚਾਹੀਦਾ ਏ ਜਿਵੇਂ ਕਿ ਡਿਜੀਟਲ ਕ੍ਰਾਂਤੀ, ਜਿੱਥੇ ਅਦਾਇਗੀਆਂ ਲਈ UPI ਵਿਆਪਕ ਤੌਰ 'ਤੇ ਅਪਣਾਇਆ ਗਿਆ ਏ। ਪ੍ਰਗਿਆ ਮਿਸ਼ਰਾ ਨੇ SORA ਨਾਮ ਦੇ ਇੱਕ AI-ਚਾਲਿਤ ਟੈਕਸਟ-ਟੂ-ਵੀਡੀਓ ਮਾਡਲ ਯਾਨੀ ਸ਼ਬਦ ਤੋਂ ਵੀਡੀਓ ਬਣਾਉਣ ਦੇ ਮਾਡਲ ਦਾ ਪ੍ਰਦਰਸ਼ਨ ਕੀਤਾ। ਓਨਾ ਸਮਝਾਇਆ ਕਿ ਸਧਾਰਨ ਹਦਾਇਤਾਂ ਦੇ ਨਾਲ, SORA ਮਨੁੱਖੀ ਸਮੀਕਰਨਾਂ ਅਤੇ ਸੱਭਿਆਚਾਰਕ ਸੂਖਮਤਾਵਾਂ ਦੇ ਗੁੰਝਲਦਾਰ ਵੇਰਵਿਆਂ ਨੂੰ ਦੁਹਰਾਉਂਦੇ ਹੋਏ, ਬਹੁਤ ਹੀ ਯਥਾਰਥਵਾਦੀ ਵੀਡੀਓ ਬਣਾ ਸਕਦੀ ਏ । ਇਹ ਚਰਚਾ ਇੱਕ ਸਕਾਰਾਤਮਕ ਨੋਟ 'ਤੇ ਸਮਾਪਤ ਹੋਈ। ਪੈਨਲ ਨੇ ਸਹਿਮਤੀ ਪ੍ਰਗਟਾਈ ਕਿ ਜਦੋਂ ਕਿ AI ਫਿਲਮ

ਨਿਰਮਾਣ ਨੂੰ ਮਹੱਤਵਪੂਰਣ ਰੂਪ ਵਿੱਚ ਵਧਾ ਸਕਦਾ ਏ ਪਰੰਤੂ ਇਹ ਕਦੇ ਵੀ ਮਨੁੱਖੀ ਦਿਮਾਗ ਦੀ ਸਿਰਜਣਾਤਮਕ ਸਮਰੱਥਾ ਦੀ ਥਾਂ ਨਹੀਂ ਲੈ ਸਕੇਗਾ।

---------------------------------------------------------

ਦੇਸ਼ ਅੱਜ ਰਾਸ਼ਟਰੀ ਦੁੱਧ ਦਿਵਸ ਮਨਾ ਰਿਹਾ ਏ। ਇਹ ਦਿਨ ਡਾ. ਵਰਗੀਸ ਕੁਰੀਅਨ ਦੀ 103ਵੀਂ ਜਯੰਤੀ ਨੂੰ ਦਰਸਾਉਂਦਾ ਏ , ਜਿਸ ਨੂੰ ਭਾਰਤ ਵਿੱਚ ਸਫੈਦ ਕ੍ਰਾਂਤੀ ਦੇ ਪਿਤਾਮਾ ਵਜੋਂ ਵੀ ਜਾਣਿਆ ਜਾਂਦਾ ਏ। ਇਸ ਮੌਕੇ ਨੂੰ ਮਨਾਉਣ ਲਈ, ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਨੇ ਨਵੀਂ ਦਿੱਲੀ ਵਿੱਚ ਰਾਸ਼ਟਰੀ ਦੁੱਧ ਦਿਵਸ ਸਮਾਗਮ ਦਾ ਆਯੋਜਨ ਕੀਤਾ। ਇਸ ਮੌਕੇ ਕੇਂਦਰੀ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰੀ ਰਾਜੀਵ ਰੰਜਨ ਸਿੰਘ ਵੀ ਮੌਜੂਦ ਸਨ। ਮੰਤਰੀ ਨੇ ਦੱਸਿਆ ਕਿ ਭਾਰਤ ਵਿਸ਼ਵ ਵਿੱਚ ਦੁੱਧ ਦਾ ਸਭ ਤੋਂ ਵੱਡਾ ਉਤਪਾਦਕ ਏ। ਉਨ੍ਹਾਂ ਕਿਹਾ ਕਿ ਪਸ਼ੂ ਪਾਲਣ ਦੇਸ਼ ਦੀ ਆਰਥਿਕਤਾ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਏ। ਸਮਾਗਮ ਦੌਰਾਨ, ਮੰਤਰੀ ਨੇ ਤਿੰਨ ਸ਼੍ਰੇਣੀਆਂ ਵਿੱਚ ਵੱਕਾਰੀ ਰਾਸ਼ਟਰੀ ਗੋਪਾਲ ਰਤਨ ਪੁਰਸਕਾਰ ਵੀ ਪ੍ਰਦਾਨ ਕੀਤੇ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਖਿਲਾਫ ਜਾਰੀ ਆਪਣੀ ਮੁਹਿੰਮ ਦੌਰਾਨ, ਆਮਦਨੀ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ, ਹੁਸ਼ਿਆਰਪੁਰ ਵਿਖੇ ਸਿਵਲ ਸਰਜਨ ਦਫ਼ਤਰ ਵਿਚ ਤਾਇਨਾਤ ਕਲਰਕ ਜਸਵਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਏ। ਬਿਊਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਜਾਂਚ ਕਰਨ ਉਪਰੰਤ ਮੁਕੱਦਮਾ ਦਰਜ ਕਰਕੇ ਇਹ ਗ੍ਰਿਫ਼ਤਾਰੀ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਵੱਲੋਂ ਕੀਤੀ ਗਈ ਜਾਂਚ ਤੋਂ ਪਤਾ ਲੱਗਿਆ ਕਿ ਇਹ ਮੁਲਜ਼ਮ ਜਸਵਿੰਦਰ ਸਿੰਘ ਨੇ ਚੈਕਿੰਗ ਦੇ ਸਮੇਂ ਦੌਰਾਨ 1 ਜਨਵਰੀ 2002 ਤੋਂ 31 ਦਸੰਬਰ 2016 ਤੱਕ ਕੁੱਲ, ਇਕ ਕਰੋੜ 23 ਲਖ ਤੋਂ ਵੱਧ ਰੁਪਏ ਖਰਚ ਕੀਤੇ ਸਨ, ਜਦਕਿ ਇਸ ਸਮੇਂ ਦੌਰਾਨ ਉਸਦੀ ਕੁੱਲ ਆਮਦਨ 88 ਲਖ 15 ਹਜ਼ਾਰ 520 ਰੁਪਏ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਭ੍ਰਿਸ਼ਟਾਚਾਰ ਰੋਕਣ ਬਾਰੇ ਕਾਨੂੰਨ ਤਹਿਤ ਆਮਦਨ ਤੋਂ ਵੱਧ ਜਾਇਦਾਦ ਨੂੰ ਗੈਰ-ਕਾਨੂੰਨੀ ਸੰਪਤੀ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ ਜਾਂਚ ਵਿੱਚ ਦੋਸ਼ੀ ਪਾਏ ਜਾਣ ਤੋਂ

ਬਾਅਦ  ਕਲਰਕ ਜਸਵਿੰਦਰ ਸਿੰਘ ਦੇ ਖਿਲਾਫ਼ ਵਿਜੀਲੈਂਸ ਥਾਣਾ ਜਲੰਧਰ ਰੇਂਜ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

-----------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਵਧੀਕ ਡਿਪਟੀ ਕਮਿਸ਼ਨਰ  ਸ਼ਹਿਰੀ ਵਿਕਾਸ  ਜਸਬੀਰ ਸਿੰਘ ਵੱਲੋਂ ਅੱਜ ਜ਼ਿਲ੍ਹੇ ਵਿੱਚ 21ਵੀਂ ਪਸ਼ੂਧਨ ਗਣਨਾ ਦੀ ਸ਼ੁਰੂਆਤ ਕਰਵਾਈ ਗਈ । ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਸਬੰਧੀ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪਸ਼ੂਧਨ ਗਣਨਾ ਦੇ ਕੰਮ ਨੂੰ ਤਨਦੇਹੀ ਨਾਲ ਕਰਨ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਦਿੱਤੀਆਂ । ਉਨ੍ਹਾਂ ਦੱਸਿਆ ਕਿ ਪਸ਼ੂਧਨ ਗਣਨਾ ਦਾ ਉਦੇਸ਼ ਪਸ਼ੂਆਂ ਦੀ ਗਿਣਤੀ ਸਬੰਧੀ ਸਹੀ ਅੰਕੜੇ ਪ੍ਰਾਪਤ ਕਰਨਾ ਏ , ਜਿਨ੍ਹਾਂ ਦੇ ਆਧਾਰ 'ਤੇ ਪਸ਼ੂ ਪਾਲਣ ਵਿਭਾਗ ਵੱਲੋਂ ਪਸ਼ੂ ਪਾਲਕਾਂ ਦੀ ਭਲਾਈ ਲਈ ਨਵੀਆਂ ਨੀਤੀਆਂ ਘੜੀਆਂ ਜਾਣਗੀਆਂ । ਉਨ੍ਹਾਂ ਦੱਸਿਆ ਕਿ ਇਸ ਗਣਨਾ ਦੌਰਾਨ 16 ਵੱਖ-ਵੱਖ ਨਸਲਾਂ ਦੇ ਪਸ਼ੂਆਂ ਅਤੇ ਪੋਲਟਰੀ ਦੀ ਗਿਣਤੀ ਘਰ-ਘਰ ਜਾ ਕੇ ਕੀਤੀ ਜਾਵੇਗੀ । ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਸ਼ੂਧਨ ਦੀਆਂ ਨਸਲਾਂ ਅਤੇ ਹੋਰ ਵਿਸ਼ੇਸ਼ਤਾਵਾਂ ਸਮੇਤ ਡਾਟਾ ਇਕੱਤਰ ਕਰਨ ਲਈ ਮੋਬਾਇਲ ਐਪ ਦੀ ਵਰਤੋਂ ਕੀਤੀ ਜਾਵੇਗੀ।

-----------------------------------------------------